# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ

## ਨਗਰ ਨਿਗਮ ਵਲੋਂ ਸ਼ਹਿਰ ਨੂੰ ਹਰਾ ਭਰਾ ਬਣਾਉਣ ਲਈ ਵੱਧ ਤੋ ਵੱਧ ਪੌਦੇ ਲਗਾਏ ਜਾ ਰਹੇ ਹਨ......ਮੇਅਰ ਸ਼ਿਵ ਸੂਦ

ਹੁਸ਼ਿਆਰਪੁਰ 22 ਜੁਲਾਈ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਚਲਾਏ ਗਏ ਸਵੱਛ ਭਾਰਤ ਅਭਿਆਨ ਤਹਿਤ ਸ਼ਹਿਰ ਨੂੰ ਸਾਫ ਸੁਥਰਾ ਬਣਾਉਣ ਦੇ ਨਾਲ ਨਾਲ ਹਰਾ ਭਰਾ ਬਣਾਉਣ ਲਈ ਵੀ ਨਗਰ ਨਿਗਮ ਵਲੋਂ ਵੱਖ-ਵੱਖ ਵਾਰਡਾਂ ਵਿੱਚ ਪੌਦੇ ਲਗਾਏ ਜਾ ਰਹੇ ਹਨ। ਇਹ ਜਾਣਕਾਰੀ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਅੱਜ ਰਹੀਮਪੁਰ ਦੀ ਸ਼ਿਵਪੁਰੀ ਦੇ ਆਲੇ-ਦੁਆਲੇ ਪੌਦੇ ਲਗਾਉਣ ਦੀ ਸ਼ੁਰੂਆਤ ਕਰਨ ਮੌਕੇ ਦਿੱਤੀ। ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ, ਕੌਂਸਲਰ ਬਲਵਿੰਦਰ ਬਿੰਦੀ ਅਤੇ ਕੌਂਸਲਰ ਮਨਜੀਤ ਸਿੰਘ ਰਾਏ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ। ਸ਼ਿਵ ਸੂਦ ਨੇ ਇਸ ਮੌਕੇ ਤੇ ਸ਼੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਅਤੇ ਵੈਲਫੇਅਰ ਸੋਸਾਇਟੀ ਦੇ ਮੈਂਬਰਾਂ ਨਾਲ ਸ਼ਿਵਪੁਰੀ ਦੇ ਆਲੇ-ਦੁਆਲੇ ਪੌਦੇ ਲਗਾਏ। ਉਹਨਾਂ ਦੱਸਿਆ ਕਿ ਨਗਰ ਨਿਗਮ ਦੇ ਸਾਰੇ ਕੌਂਸਲਰਾਂ ਨੂੰ ਆਪਣੇ-ਆਪਣੇ ਵਾਰਡਾਂ ਦੀਆਂ ਖਾਲੀ ਥਾਵਾਂ ਤੇ ਪੌਦੇ ਲਗਾਉਣ ਲਈ ਕਿਹਾ ਗਿਆ ਹੈ, ਉਹਨਾਂ ਸਾਰੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਆਪਣੇ ਘਰਾਂ ਦੇ ਆਲ-ਦੁਆਲੇ ਖਾਲੀ ਥਾਵਾਂ ਤੇ ਵੱਧ ਤੋ ਵੱਧ ਪੌਦੇ ਲਗਾਉਣ ਤਾਂ ਜ਼ੋ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਦੇ ਨਾਲ ਇਸ ਨੂੰ ਹਰਾ ਭਰਾ ਬਣਾ ਕੇ ਇਸ ਦਾ ਵਾਤਾਵਰਣ ਵੀ ਸਾਫ ਰੱਖਿਆ ਜਾ ਸਕੇ। ਉਹਨਾਂ ਨੇ ਸ਼੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਅਤੇ ਵੈਲਫੇਅਰ ਸੋਸਾਇਟੀ ਦੇ ਮੈਂਬਰਾਂ ਵਲੋ ਪੌਦੇ ਲਾਗਉਣ ਦੀ ਮੁਹਿਮ ਚਲਾਉਣ ਤੇ ਉਨਾਂ ਦੀ ਸ਼ਲਾਘਾ ਕੀਤੀ।

ਸ਼੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਅਤੇ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਚੰਦਨ ਲੱਕੀ ਨੇ ਮੇਅਰ ਸ਼ਿਵ ਸੂਦ ਨੂੰ ਦੱਸਿਆ ਕਿ ਉਨਾਂ ਵਲੋ ਵੱਧ ਤੋ ਵੱਧ ਪੌਦੇ ਲਗਾ ਕੇ ਉਨਾਂ ਦੀ ਦੇਖਭਾਲ ਕੀਤੀ ਜਾਵੇਗੀ। ਕਮਲਜੀਤ ਨੀਟਾ, ਵਿਜੇ ਪਾਲ, ਸੰਦੀਪ ਕੁਮਾਰ, ਗੁਰਪ੍ਰੀਤ ਸਿੰਘ, ਦਰਸ਼ਨ ਸਿੰਘ, ਰਮੇਸ਼ ਲਾਲ, ਕੇਵਲ ਸਿੰਘ, ਨਰਿੰਦਰ ਪਾਲ, ਬਲਵੀਰ ਵੀਰਾ, ਕਮਲਜੀਤ, ਅਸ਼ਵਣੀ ਕੁਮਾਰ, ਕਮਲ ਦਰਦੀ, ਜਗਮੋਹਨ, ਹਰਭਜਨ ਭੱਟੀ, ਰਾਜ ਕੁਮਾਰ ਰਾਜੂ, ਗੁਰਨਾਮ ਸਿੰਘ, ਸੰਜੀਵ ਕੁਮਾਰ ਵੀ ਇਸ ਮੌਕੇ ਤੇ ਹਾਜ਼ਰ ਸਨ।